## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :12-06-2026**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨੀਂ ਨੀਤੀ ਆਯੋਗ ਅੱਗੇ ਪੰਜਾਬ ਦੇ ਲੰਮੇ ਸਮੇਂ ਤੋਂ ਚੱਲੇ ਆ ਰਹੇ ਮਸਲੇ ਪੇਸ਼ ਕੀਤੇ ਨੇ। ਮੁੱਖ ਮੰਤਰੀ ਨੇ ਪੰਜਾਬ ਦੇ ਸਰਹੱਦੀ ਇਲਾਕਿਆਂ ਦੀ ਮੁੜ ਸੁਰਜੀਤੀ ਲਈ ਵਿਸ਼ੇਸ਼ ਪੈਕੇਜ ਦੀ ਮੰਗ ਵੀ ਕੀਤੀ ਏ । ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਨੀਤੀ ਆਯੋਗ ਪਾਸੋਂ ਪਹਾੜੀ ਸੂਬਿਆਂ, ਉੱਤਰੀ ਪੂਰਬੀ ਸੂਬਿਆਂ ਅਤੇ ਜੰਮੂ ਕਸ਼ਮੀਰ ਦੀ ਤਰਜ਼ 'ਤੇ ਪੰਜਾਬ ਨੂੰ ਵਿਸ਼ੇਸ਼ ਸ਼੍ਰੇਣੀ ਦਾ ਦਰਜਾ ਦੇਣ ਦੀ ਮੰਗ ਵੀ ਰੱਖੀ। ਮੀਟਿੰਗ ਮੁੱਖ ਮੰਤਰੀ ਮਾਨ ਨੇ ਪੰਜਾਬ ਨੂੰ ਦਰਪੇਸ਼ ਵਿਲੱਖਣ ਚੁਣੌਤੀਆਂ 'ਤੇ ਬਾਰੇ ਕਿਹਾ ਕਿ ਪੰਜਾਬ ਲਗਾਤਾਰ ਸਰਹੱਦ ਪਾਰੋਂ ਦਹਿਸ਼ਤਗਰਦ, ਡਰੋਨ ਰਾਹੀਂ ਹੈਰੋਇਨ ਅਤੇ ਹਥਿਆਰਾਂ ਦੀ ਤਸਕਰੀ ਵਰਗੀਆਂ ਚੁਣੌਤੀਆਂ ਨਾਲ ਜੂਝ ਰਿਹਾ ਏ। ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਨੂੰ ਭਰੋਸਾ ਦਿਵਾਇਆ ਕਿ ਪੰਜਾਬ 'ਵਿਕਸਿਤ ਭਾਰਤ-2047' ਦੇ ਟੀਚੇ ਨੂੰ ਹਾਸਲ ਕਰਨ ਲਈ ਕੇਂਦਰ ਸਰਕਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਾ ਜਾਰੀ ਰੱਖੇਗਾ।

---

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ 140 ਕੁਇੰਟਲ ਗੈਰ-ਕਾਨੂੰਨੀ ਖਾਦਾਂ ਜ਼ਬਤ ਕੀਤੀਆਂ ਨੇ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸੂਬੇ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਵਿਭਾਗ ਦੀ ਟੀਮ ਦੀ  ਬਠਿੰਡਾ ਵਿਚ ਇਕ ਕੰਪਨੀ ਤੇ ਇਹ ਕਾਰਵਾਈ ਇਕ ਗੁਪਤ ਸੂਚਨਾ ਦੇ ਆਧਾਰ ਤੇ ਕੀਤੀ ਸੀ। ਉਨ੍ਹਾਂ ਦੱਸਿਆ ਕਿ ਭੰਡਾਰ  ਕੀਤੀਆਂ ਖਾਦਾਂ ਤੈਅ ਨਿਯਮਾ ਅਨੁਸਾਰ ਨਹੀਂ ਸਨ। ਉਨ੍ਹਾਂ ਦੱਸਿਆ ਕਿ ਕੰਪਨੀ ਕੋਲ ਖਾਦ ਲਾਇਸੰਸ ਵੀ ਨਹੀਂ ਸੀ ਅਤੇ ਉਹ ਕੀਟਨਾਸ਼ਕਾਂ ਦੇ ਕਾਰੋਬਾਰ ਲਈ ਜਾਰੀ ਲਾਇਸੰਸ ਉੱਤੇ ਗ਼ੈਰਕਾਨੂੰਨੀ ਢੰਗ ਨਾਲ ਖਾਦਾਂ ਵੇਚ ਰਹੀ ਸੀ।

---

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਵੀਂ ਦਿੱਲੀ ਵਿੱਚ ਸ਼੍ਰੀ ਅਮਰਨਾਥ ਜੀ ਦੀ  ਯਾਤਰਾ ਲਈ ਤਿਆਰੀਆਂ ਦੀ ਸਮੀਖਿਆ ਕਰਨ ਵਾਸਤੇ  ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਨੇ. ਫੌਜ ਮੁਖੀ ਜਨਰਲ ਉਪੇਂਦਰ ਦ੍ਵਿਵੇਦੀ, ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ, ਸੀ.ਆਰ.ਪੀ.ਐਫ, ਬੀ.ਐਸ.ਐਫ, ਸੀ.ਆਈ.ਐਸ.ਐਫ, ਆਈ.ਟੀ.ਬੀ.ਪੀ ਅਤੇ ਐਸ.ਐਸ.ਬੀ ਦੇ ਡਾਇਰੈਕਟਰ ਜਨਰਲ ਮੀਟਿੰਗ ਵਿੱਚ ਮੌਜੂਦ ਨੇ. ਅਮਰਨਾਥ

ਯਾਤਰਾ 3 ਜੁਲਾਈ ਨੂੰ ਸ਼ੁਰੂ ਹੋਵੇਗੀ ਅਤੇ 28 ਅਗਸਤ ਨੂੰ ਸੰਪੂਰਨ ਹੋਵੇਗੀ।

---------------------------------------------------------------------------------

ਬੀਤੇ ਦਿਨੀਂ ਪਟਿਆਲਾ ਦੇ ਡੋਗਰਾ ਮੁਹੱਲਾ ਵਿਚ ਹੈਪਾਟਾਈਟਿਸ ਦੇ 5 ਮਰੀਜ਼ਾਂ ਦੀ ਪੁਸ਼ਟੀ ਹੋਣ ਤੋਂ ਬਾਅਦ ਉਥੇ ਸਿਹਤ ਵਿਭਾਗ ਵਲੋਂ ਕਾਰਵਾਈ ਕੀਤੀ ਜਾ ਰਹੀ ਏ। ਕਾਰਜਕਾਰੀ ਸਿਵਲ ਸਰਜਨ ਡਾ ਕੁਸ਼ਲਦੀਪ ਗਿੱਲ ਨੇ ਜਾਣਕਾਰੀ ਦਿੰਦਿਆ ਦੱਸਿਆ ਕੇ ਸਰਗਰਮ ਨਿਗਰਾਨੀ ਦੌਰਾਨ ਹੁਣ ਤੱਕ ਪੀਲੀਆ ਦੇ 16 ਸ਼ੱਕੀ ਮਾਮਲੇ ਸਾਹਮਣੇ ਆਏ ਹਨ। ਪ੍ਰਭਾਵਿਤ ਮਰੀਜਾਂ ਦੀ ਉਮਰ 4 ਤੋਂ 48 ਸਾਲ ਤੱਕ ਹੈ। ਪ੍ਰਭਾਵਿਤ ਖੇਤਰ ਵਿੱਚ ਆਸ਼ਾ ਅਤੇ ANM ਟੀਮਾਂ ਰਾਹੀਂ ਘਰ-ਘਰ ਨਿਗਰਾਨੀ ਕੀਤੀ ਜਾ ਰਹੀ ਹੈ। ਘਰਾਂ ਵਿੱਚ ਕਲੋਰੀਨ ਗੋਲੀਆਂ ਅਤੇ ORS ਪੈਕਟ ਵੰਡੇ ਜਾ ਰਹੇ ਨੇ। ਡੋਗਰਾ ਮੁਹੱਲਾ ਵਿਚ ਲਗਭਗ 243 ਘਰ ਨੇ। ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਡੋਗਰਾ ਮੁਹੱਲਾ ਵਿਖੇ ਹੈਪਾਟਾਈਟਿਸ-A ਦੇ ਸਾਹਮਣੇ ਆਏ ਮਾਮਲਿਆਂ ਦੀ ਜਾਂਚ ਕਰਨ ਲਈ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੂੰ ਜਿੰਮੇਵਾਰੀ ਸੌਂਪੀ ਹੈ ਅਤੇ ਇਸ ਦੀ ਜਾਂਚ ਰਿਪੋਰਟ ਤੁਰੰਤ ਸੌਂਪਣ ਲਈ ਕਿਹਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਿਹਤ ਵਿਭਾਗ ਨੂੰ ਲੋਕਾਂ ਨੂੰ ਜਾਗਰੂਕ ਕਰਨ ਅਤੇ ਇਲਾਜ ਸਹੂਲਤਾਂ

ਪ੍ਰਦਾਨ ਕਰਵਾਉਣ ਦੇ ਨਿਰਦੇਸ਼ ਦੇਣ ਦੇ ਨਾਲ-ਨਾਲ ਨਗਰ ਨਿਗਮ ਨੂੰ ਲੋਕਾਂ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣ ਦੇ ਵੀ ਆਦੇਸ਼ ਦਿੱਤੇ ਗਏ ਹਨ। ਇਸ ਦੌਰਾਨ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅੱਜ ਡੋਗਰਾ ਮੁਹੱਲਾ ਸਰਹਿੰਦੀ ਗੇਟ ਦਾ ਦੌਰਾ ਕਰਕੇ ਉਥੋਂ ਦੇ ਨਿਵਾਸੀਆਂ ਦੀ ਸਿਹਤ ਸੰਭਾਲ ਬਾਰੇ ਜਾਂਚ ਪੜਤਾਲ ਕਰ ਰਹੇ ਨੇ।

-------------------------------------------------------------------------------

ਸੂਬੇ ਵਿੱਚ ਚੱਲ ਰਹੀ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 142 ਦਿਨ ਪੂਰੇ ਹੋਏ ਗਏ ਨੇ। ਜਾਣਕਾਰੀ ਮੁਤਾਬਕ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ 593 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਏ। 142ਵੇਂ ਦਿਨ ਪੁਲਿਸ ਟੀਮਾਂ ਨੇ ਚਾਰ ਹਥਿਆਰਾਂ ਸਮੇਤ 360 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 36,023 ਹੋ ਗਈ ਏ। ਇਸੇ ਤਰ੍ਹਾਂ 'ਯੁੱਧ ਨਸ਼ਿਆਂ ਵਿਰੁੱਧ ਦੇ 467ਵੇਂ ਦਿਨ ਪੁਲਿਸ ਨੇ 104 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 1.2 ਕਿਲੋ ਹੈਰੋਇਨ, 3 ਕਿਲੋ ਭੁੱਕੀ, 257 ਨਸ਼ੀਲੀਆਂ ਗੋਲੀਆਂ ਅਤੇ 6250 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ।

------------------------------------------------------------------------------

ਪ੍ਰਸਿੱਧ ਭਾਰਤੀ ਨਿਸ਼ਾਨੇਬਾਜ਼ੀ ਕੋਚ ਅਤੇ ਏਸ਼ੀਆਈ ਖੇਡਾਂ ਦੇ ਸਾਬਕਾ ਸੋਨ ਤਗਮਾ ਜੇਤੂ ਜਸਪਾਲ ਰਾਣਾ ਦਾ ਦੇਹਾਂਤ ਹੋ ਗਿਆ ਏ । ਉਹ 49 ਸਾਲ ਦੇ ਸਨ। ਭਾਰਤੀ ਰਾਸ਼ਟਰੀ ਰਾਈਫਲ ਸੰਘ ਦੇ ਪ੍ਰਧਾਨ ਕਾਲੀਕੇਸ਼ ਨਾਰਾਇਣ ਸਿੰਘ ਦਿਓ ਨੇ ਦੱਸਿਆ ਏ ਕਿ ਸ਼੍ਰੀ ਰਾਣਾ ਨੇ ਕੱਲ੍ਹ ਰਾਤ ਦਿੱਲੀ ਦੇ ਇੱਕ ਹਸਪਤਾਲ ਵਿੱਚ ਆਖਰੀ ਸਾਹ ਲਏ. ਰਾਣਾ ਭਾਰਤੀ ਪਿਸਟਲ ਨਿਸ਼ਾਨੇਬਾਜ਼ਾਂ ਲਈ ਬਹੁਤ ਹੀ ਵਧੀਆ ਕਾਰਗੁਜ਼ਾਰੀ ਵਾਲੇ ਕੋਚ ਵਜੋਂ ਸੇਵਾ ਨਿਭਾ ਰਹੇ ਸਨ. ਓਹਨਾਂ, ਮਨੂ ਭਾਕਰ ਨੂੰ ਮਾਰਗਦਰਸ਼ਨ ਦਿੱਤਾ ਅਤੇ 2024 ਪੈਰਿਸ ਓਲੰਪਿਕ ਵਿੱਚ ਇਤਿਹਾਸਕ ਦੋਹਰਾ ਕਾਂਸੀ ਦਾ ਤਮਗਾ ਹਾਸਿਲ ਕਰਨ ਵਿੱਚ ਉਸਦੀ ਮਦਦ ਕੀਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਰਖਿਆ ਮੰਤਰੀ ਰਾਜਨਾਥ ਸਿੰਘ ਨੇ ਜਸਪਾਲ ਰਾਣਾ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ ।

------------------------------------------------------------------------------

ਅੰਮ੍ਰਿਤਸਰ 'ਚ ਤੇਜ਼ ਹਨੇਰੀ ਤੇ ਝੱਖੜ ਕਾਰਨ ਇਕ ਮੰਦਰ ਦੀ ਕੰਧ ਡਿੱਗਣ ਨਾਲ ਬਜ਼ੁਰਗ ਦੀ ਮੌਤ ਹੋ ਗਈ ਏ। ਇਸ ਹਾਦਸੇ ਵਿਚ ਇੱਕ ਵਿਅਕਤੀ ਦੇ ਜ਼ਖ਼ਮੀ ਹੋਣ ਬਾਰੇ ਜਾਣਕਾਰੀ ਦਿਤੀ ਏ । ਸਾਡੇ ਪੱਤਰਕਾਰ ਨੇ ਦੱਸਿਆ ਕਿ ਸ਼ਹਿਰ ਦੇ ਕਈ ਇਲਾਕਿਆਂ ਵਿੱਚ ਦਰੱਖਤ ਡਿੱਗਣ ਅਤੇ ਪੁਰਾਣੀਆਂ ਇਮਾਰਤਾਂ ਨੂੰ ਨੁਕਸਾਨ ਪੁੱਜਣ ਦੀ ਘਟਨਾਵਾਂ ਵੀ ਸਾਹਮਣੇ

ਆਈਆਂ ਨੇ। ਓਧਰ, ਜਿਲਾ ਗੁਰਦਾਸਪੁਰ ਦੇ ਪਿੰਡ ਘਣੀਏ ਕੇ ਬਾਂਗਰ ਵਿਖੇ ਇਕ ਕਿਸਾਨ ਦੀ ਦੋ ਮੰਜ਼ਿਲੀ ਪੋਲਟਰੀ ਫਾਰਮ ਦੀ ਇਮਾਰਤ ਝੱਖੜ ਕਾਰਨ ਢਹਿ ਗਈ ਏ। ਦੋ ਮੰਜ਼ਿਲਾ ਪੋਲਟਰੀ ਸ਼ੈੱਡ ਚ ਜਾਨਵਰ ਸਨ ਉਹ ਸਭ ਮਲਬੇ ਹੇਠ ਦੱਬ ਗਏ। ਇਸ ਤੋਂ ਇਲਾਵਾ ਮੁਹਾਲੀ ਤੇ ਮਾਨਸਾ ਵਿਚ ਵੀ ਤੇਜ਼ ਹਨੇਰੀ ਤੇ ਮੀਂਹ ਪਿਆ ਏ। ਮੀਂਹ ਕਾਰਨ ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੀ ਏ ਤੇ ਤਾਪਮਾਨ ਵੀ ਹੇਠਾਂ ਆ ਗਿਆ ਏ।

--------------------------------------------------------------------------------

ਬੀਤੇ ਦਿਨੀਂ ਪੰਜਾਬ ਹਰਿਆਣਾ ਤੇ ਚੰਡੀਗੜ੍ਹ ਵਿਚ ਕਈ ਥਾਵਾਂ ਤੇ ਹੋਈ ਬਾਰਿਸ਼ ਅਤੇ ਹਨੇਰੀ ਨਾਲ ਤਾਪਮਾਨ ਵਿਚ ਗਿਰਾਵਟ ਆਈ ਹੈ | ਮੌਸਮ ਵਿਭਾਗ ਮੁਤਾਬਕ ਪੰਜਾਬ ਵਿੱਚ ਘੱਟੋ-ਘੱਟ ਤਾਪਮਾਨ ਵਿੱਚ 5 ਡਿਗਰੀ ਸੈਲਸੀਅਸ ਦੀ ਗਿਰਾਵਟ ਆਈ ਹੈ | SAS ਨਗਰ ਦੇ ਬੱਲੋਵਾਲ ਸੌਂਖੜੀ ਵਿਚ ਅੱਜ ਸਵੇਰੇ ਘੱਟੋ-ਘੱਟ ਤਾਪਮਾਨ 19.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜਦ ਕਿ ਹਰਿਆਣਾ ਦੇ ਤਾਪਮਾਨ ਵਿੱਚ ਗਿਰਾਵਟ 4.2 ਡਿਗਰੀ ਸੈਲਸੀਅਸ ਏ | ਏਥੇ ਨਾਰਨੌਲ 19.5 ਡਿਗਰੀ ਸੈਲਸੀਅਸ ਨਾਲ ਸਭ ਤੋਂ ਠੰਡਾ ਸ਼ਹਿਰ ਰਿਹਾ | ਚੰਡੀਗੜ੍ਹ ਵਿਚ ਵੀ ਘੱਟੋ ਘੱਟ ਤਾਪਮਾਨ 19.9 ਡਿਗਰੀ ਸੈਲਸੀਅਸ ਦਰਜ ਹੋਇਆ ਹੈ | ਮੌਸਮ ਵਿਭਾਗ ਨੇ ਅੱਜ ਤੋਂ 14 ਜੂਨ ਤੱਕ ਇਨ੍ਹਾਂ ਦੋਵੇਂ

ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਬਾਰਿਸ਼ , ਤੂਫ਼ਾਨ ਦਾ YELLOW ਅਲਰਟ ਜਾਰੀ ਕੀਤਾ ਹੈ

---------------------------------------------------------------------------------